**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

# ਜਿਲ੍ਹੇ ਦੇ ਸਰਕਾਰੀ ਸਕੂਲਾਂ 'ਚ 8608 ਵਿਦਿਆਰਥੀਆਂ ਦਾ ਵਾਧਾ

## ਸਕੂਲਾਂ ਦੀ ਬਦਲੀ ਨੁਹਾਰ ਨੇ ਦਿਖਾਇਆ ਰੰਗ

ਫਾਜ਼ਿਲਕਾ 3 ਮਈ

ਪੰਜਾਬ ਸਰਕਾਰ ਵੱਲੋਂ ਪਿਛਲੇ ਕੁਝ ਸਾਲਾਂ ਦੌਰਾਨ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਸਮੇਂ ਦੇ ਹਾਣ ਦਾ ਬਣਾਉਣ ਲਈ ਕੀਤੇ ਗਏ ਉਪਰਾਲਿਆਂ ਦੀ ਬਦੌਲਤ ਫਾਜਿਲਕਾ ਜਿਲ੍ਹੇ ਦੇ ਨਵੇਂ ਸ਼ੈਸ਼ਨ 'ਚ 8608 ਵਿਦਿਆਰਥੀਆਂ ਦਾ ਵਾਧਾ ਦਰਜ਼ ਕੀਤਾ ਗਿਆ ਹੈ। ਸਿੱਖਿਆ ਮੰਤਰੀ ਵਿਜੈ ਇੰਦਰ ਸਿੰਗਲਾ ਦੀ ਸਰਪ੍ਰਸਤੀ 'ਚ ਸਕੱਤਰ ਸਕੂਲ ਸਿੱਖਿਆ ਕ੍ਰਿਸ਼ਨ ਕੁਮਾਰ ਵੱਲੋਂ ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਹਫਤਾਵਾਰੀ ਮੀਟਿੰਗ 'ਚ ਨਵੇਂ ਦਾਖਲਿਆਂ ਸਬੰਧੀ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਡਾ. ਤ੍ਰਿਲੋਚਨ ਸਿੰਘ ਸਿੱਧੂ ਤੇ ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿੱ.) ਡਾ.ਸੁਖਵੀਰ ਸਿੰਘ ਬੱਲ ਨਾਲ ਵਿਸਥਾਰ 'ਚ ਵਿਚਾਰ ਚਰਚਾ ਕੀਤੀ ਗਈ। ਤਾਜ਼ਾ ਅੰਕੜਿਆਂ ਅਨੁਸਾਰ ਨਵੇਂ ਸ਼ੈਸ਼ਨ ਦੇ ਪਹਿਲੇ ਮਹੀਨੇ (ਅਪ੍ਰੈਲ 2021) ਤੱਕ ਜਿਲ੍ਹੇ ਦੇ ਸਰਕਾਰੀ ਸਕੂਲਾਂ 'ਚ 156462 ਵਿਦਿਆਰਥੀ ਦਾਖਲ ਹੋ ਚੁੱਕੇ ਹਨ। ਜਦੋਂ ਕਿ ਪਿਛਲੇ ਸ਼ੈਸ਼ਨ ਦੌਰਾਨ ਵਿਦਿਆਰਥੀਆਂ ਦੀ ਗਿਣਤੀ 147854 ਸੀ। ਇਸ ਤਰ੍ਹਾਂ ਐਲ.ਕੇ.ਜੀ ਤੋਂ ਲੈ ਕੇ 12ਵੀਂ ਜਮਾਤ ਤੱਕ ਪਿਛਲੇ ਸ਼ੈਸ਼ਨ ਨਾਲੋਂ 8608 ਵਿਦਿਆਰਥੀ ਵੱਧ ਦਾਖਲ ਹੋ ਚੁੱਕੇ ਹਨ। ਜਿਲ੍ਹੇ ਦੇ ਸਰਕਾਰੀ ਸੈਕੰਡਰੀ ਸਕੂਲਾਂ 'ਚ ਪਿਛਲੇ ਵਰ੍ਹੇ 77000 ਵਿਦਿਆਰਥੀ ਦਾਖਲ ਸਨ ਤੇ ਇਸ ਵਾਰ 82597 ਬੱਚੇ ਦਾਖਲ ਹੋ ਚੁੱਕੇ ਹਨ।

ਇਸ ਤਰ੍ਹਾਂ ਸੈਕੰਡਰੀ ਵਿੰਗ 'ਚ ਵਿਦਿਆਰਥੀਆਂ ਦਾ ਵਾਧਾ 7.28 ਫੀਸਦੀ ਹੋ ਚੁੱਕਿਆ ਹੈ। ਪਹਿਲੀ ਤੋਂ ਪੰਜਵੀਂ ਜਮਾਤ ਤੱਕ ਪਿਛਲੇ ਸ਼ੈਸ਼ਨ 'ਚ 53595 ਬੱਚੇ ਪੜ੍ਹਦੇ ਸਨ ਤੇ ਇਸ ਵਾਰ 55381 ਵਿਦਿਆਰਥੀ ਦਾਖਲ ਹੋ ਚੁੱਕੇ ਹਨ। ਇਸ ਤਰ੍ਹਾਂ ਪ੍ਰਾਇਮਰੀ ਵਿੰਗ 'ਚ 3.25 ਫੀਸਦੀ ਵਾਧਾ ਦਰਜ਼ ਕੀਤਾ ਗਿਆ ਹੈ। ਪ੍ਰੀ-ਪ੍ਰਾਇਮਰੀ ਜਮਾਤਾਂ 'ਚ ਪਿਛਲੇ ਸ਼ੈਸ਼ਨ 'ਚ 17259 ਬੱਚੇ ਸਨ ਤੇ ਇਸ ਵਾਰ 7.25 ਫੀਸਦੀ ਵਾਧੇ ਨਾਲ 18494 ਬੱਚੇ ਦਾਖਲ ਹੋ ਚੁੱਕੇ ਹਨ। ਸਮੁੱਚੇ ਰੂਪ 'ਚ ਜੇਕਰ ਨਜ਼ਰ ਮਾਰੀ ਜਾਵੇ ਤਾਂ ਜਿਲ੍ਹੇ ਦਾ ਬਲਾਕ ਫਾਜਿਲਕਾ 1 , 10.3 ਫੀਸਦੀ ਵਾਧੇ ਨਾਲ ਪਹਿਲੇ,ਗੁਰੂਹਰਸਹਾਏ 3 ਦੂਸਰੇ ਤੇ ਜਲਾਲਾਬਾਦ 2 ਤੀਸਰੇ ਸਥਾਨ 'ਤੇ ਚੱਲ ਰਿਹਾ ਹੈ। ਜਿਲ੍ਹੇ ਦੇ ਸਰਕਾਰੀ ਸਕੂਲਾਂ 'ਚ ਵਿਦਿਆਰਥੀਆਂ ਦੇ ਲਗਾਤਾਰ ਦੂਸਰੇ ਸਾਲ ਹੋਏ ਵੱਡੇ ਵਾਧੇ ਬਾਰੇ ਜਿਲ੍ਹਾ ਸਿੱਖਿਆ ਅਫਸਰ (ਸੈਸਿੱ)ਡਾ ਸਿੱਧੂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਦਾ ਮਿਆਰ ਹਰ ਪੱਖੋਂ ਉੱਚਾ ਚੁੱਕਣ ਦੀ ਬਦੌਲਤ ਹੀ ਇਨ੍ਹਾਂ ਸਕੂਲਾਂ 'ਚ ਵਿਦਿਆਰਥੀਆਂ ਦਾ ਵੱਡਾ ਵਾਧਾ ਹੋ ਰਿਹਾ ਹੈ। ਹਰ ਵਰਗ ਦੇ ਲੋਕ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ 'ਚ ਪੜ੍ਹਾਉਣ ਨੂੰ ਤਰਜੀਹ ਦੇਣ ਲੱਗੇ ਹਨ।

ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿੱ.) ਡਾ ਬੱਲ ਨੇ ਦੱਸਿਆ ਕਿ ਸਿੱਖਿਆ ਵਿਭਾਗ ਨੇ ਇਸ ਵਾਰ ਦਾਖਲਾ ਮੁਹਿੰਮ ਬਹੁਤ ਹੀ ਯੋਜਨਾਬੱਧ ਤਰੀਕੇ ਨਾਲ ਚਲਾਈ ਹੋਈ ਹੈ। ਵਿਭਾਗ ਵੱਲੋਂ ਜਿੱਥੇ ਰਵਾਇਤੀ ਸਾਧਨਾਂ ਨੁੱਕੜ ਨਾਟਕਾਂ, ਗੀਤਾਂ, ਮੇਲਿਆਂ, ਧਾਰਮਿਕ ਸਥਾਨਾਂ ਰਾਹੀਂ ਬੇਨਤੀਆਂ ਤੇ ਘਰ-ਘਰ ਜਾ ਕੇ, ਮਾਪਿਆਂ ਨੂੰ ਸਰਕਾਰੀ ਸਕੂਲਾਂ 'ਚ ਬੱਚੇ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਉੱਥੇ ਟੀਵੀ, ਰੇਡੀਓ, ਸੋਸ਼ਲ ਮੀਡੀਆ, ਪੋਸਟਰਾਂ, ਪੈਂਫਲਿਟਾਂ ਤੇ ਫਲੈਕਸਾਂ ਰਾਹੀਂ ਵੀ ਪ੍ਰਚਾਰ ਮੁਹਿੰਮ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ ਗਿਆ। ਮਾਪਿਆਂ ਨੂੰ ਸਰਕਾਰੀ ਸਕੂਲਾਂ ਦੀਆਂ ਸਹੂਲਤਾਂ ਦਿਖਾਉਣ ਲਈ 'ਸਕੂਲ ਦਰਸ਼ਨ' ਪ੍ਰੋਗਰਾਮ ਵੀ ਚਲਾਇਆ ਹੋਇਆ ਹੈ।ਇਸ ਮੁਹਿੰਮ ਸਦਕਾ ਹੀ ਨਿੱਜੀ ਸਕੂਲਾਂ ਤੋਂ 6877 ਵਿਦਿਆਰਥੀ ਸਰਕਾਰੀ ਸਕੂਲਾਂ 'ਚ ਦਾਖਲਾ ਲੈ ਚੁੱਕੇ ਹਨ ਅਤੇ ਇਹ ਸਿਲਸਿਲਾ ਅਜੇ ਚੱਲ ਰਿਹਾ ਹੈ।





**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**



**ਸਾਰੀਆਂ ਗ਼ੈਰ-ਜ਼ਰੂਰੀ ਵਸਤਾਂ ਦੀਆਂ ਦੁਕਾਨਾਂ 15 ਮਈ ਤੱਕ ਰਹਿਣਗੀਆਂ ਬੰਦ**

**ਜ਼ਿਲ੍ਹੇ ਅੰਦਰ ਦਾਖ਼ਲ ਹੋਣ ਵਾਲੇ ਨੂੰ ਨੈਗੇਟਿਵ ਕੋਵਿਡ ਰਿਪੋਰਟ ਜਾਂ ਵੈਕਸੀਨੇਸ਼ਨ ਸਰਟੀਫੀਕੇਟ ਦਿਖਾਉਣਾ ਲਾਜ਼ਮੀ**

**ਹਦਾਇਤਾਂ ਦੀ ਉਲੰਘਣਾਂ ਕਰਨ ਵਾਲਿਆਂ ਖਿਲਾਫ ਹੋਵੇਗੀ ਕਾਰਵਾਈ**

ਫਾਜ਼ਿਲਕਾ 3 ਮਈ:

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕਰੋਨਾ ਦੇ ਫੈਲਾਅ ਨੂੰ ਰੋਕਣ ਲਈ ਗ੍ਰਹਿ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫਾਜ਼ਿਲਕਾ ਅੰਦਰ 15 ਮਈ 2021 ਤੱਕ ਹੋਰ ਪਾਬੰਦੀਆਂ ਲਗਾਉਣ ਦੇ ਆਦੇਸ਼ ਜਾਰੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਗ਼ੈਰ ਜ਼ਰੂਰੀ ਚੀਜ਼ਾਂ ਵੇਚਣ ਵਾਲੀਆਂ ਸਾਰੀਆਂ ਦੁਕਾਨਾਂ 15 ਮਈ ਤੱਕ ਬੰਦ ਰਹਿਣਗੀਆਂ।

ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਜ਼ਰੂਰੀ ਵਸਤਾਂ ਵਾਲੀ ਦੁਕਾਨਾਂ ਵਿਚ ਕੈਮਿਸਟ ਦੀਆਂ ਦੁਕਾਨਾਂ ਅਤੇ ਹੋਰ ਜ਼ਰੂਰੀ ਚੀਜ਼ਾਂ ਵਾਲੀਆਂ ਦੁਕਾਨਾਂ ਜਿਸ ਵਿਚ ਦੁੱਧ, ਬਰੈਡ, ਸਬਜ਼ੀਆਂ, ਫਲ, ਡੇਅਰੀ ਅਤੇ ਪੋਲਟਰੀ ਉਤਪਾਦ ਜਿਵੇਂ ਕਿ ਅੰਡੇ, ਮੀਟ, ਮੋਬਾਈਲ ਰਿਪੇਅਰ ਆਦਿ ਨੂੰ ਕੋਵਿਡ ਪਾਬੰਦੀਆਂ ਤੋਂ ਛੋਟ ਦਿੱਤੀ ਗਈ ਹੈ। ਲੈਬਾਂ, ਨਰਸਿੰਗ ਹੋਮ ਅਤੇ ਹੋਰ ਸਾਰੇ ਮੈਡੀਕਲ ਅਦਾਰਿਆਂ `ਤੇ ਕੋਈ ਰੋਕ ਨਹੀਂ ਹੋਵੇਗੀ।ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ 72 ਘੰਟਿਆਂ ਤੋਂ ਵੱਧ ਪੁਰਾਣੀ ਨਾ ਹੋਈ ਹੋਵੇ ਕੋਵਿਡ ਦੀ ਨੈਗੇਟਿਵ ਰਿਪੋਰਟ ਜਾਂ ਘੱਟੋ ਘੱਟ ਇੱਕ ਖੁਰਾਕ ਵਾਲਾ ਟੀਕਾਕਰਨ ਸਰਟੀਫਿਕੇਟ ਜੋ 2 ਹਫਤੇ ਤੋਂ ਵੱਧ ਪੁਰਾਣਾ ਨਾ ਹੋਵੇ, ਤੋਂ ਬਿਨਾਂ ਜ਼ਿਲ੍ਹੇ ਵਿੱਚ ਹਵਾਈ, ਰੇਲ ਜਾਂ ਸੜਕ ਰਾਹੀਂ ਦਾਖਲ ਨਹੀਂ ਹੋ ਸਕਦਾ।

ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਕੋਵਿਡ ਪ੍ਰਬੰਧਨ ਵਿੱਚ ਸ਼ਾਮਲ ਅਧਿਕਾਰੀਆ ਤੋਂ ਬਿਨਾਂ ਸਾਰੇ ਸਰਕਾਰੀ ਦਫਤਰ ਅਤੇ ਬੈਂਕ 50 ਫੀਸਦੀ ਸਮਰੱਥਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕੋਵਿਡ ਪ੍ਰਬੰਧਨ ਅਤੇ ਸਬੰਧਤ ਡਿਊਟੀਆਂ ਲਈ ਕਿਸੇ ਵੀ ਅਧਿਕਾਰੀ ਦੀਆਂ ਸੇਵਾਵਾਂ ਲੈਣ ਲਈ ਅਧਿਕਾਰਤ ਹੈ।ਉਨ੍ਹਾਂ ਦੱਸਿਆ ਕਿ ਕਾਰ ਅਤੇ ਟੈਕਸੀਆਂ ਸਮੇਤ ਸਾਰੇ ਚਾਰ ਪਹੀਆ ਵਾਹਨਾਂ ਵਿੱਚ 2 ਤੋਂ ਵੱਧ ਯਾਤਰੀਆਂ ਨੂੰ ਬੈਠਣ ਦੀ ਆਗਿਆ ਨਹੀਂ ਹੈ। ਮਰੀਜ਼ਾਂ ਨੂੰ ਹਸਪਤਾਲ ਲਿਜਾਣ ਵਾਲੇ ਵਾਹਨਾਂ ਨੂੰ ਇਸ ਪਾਬੰਦੀ ਤੋਂ ਛੋਟ ਦਿੱਤੀ ਗਈ ਹੈ।ਇਸੇ ਤਰ੍ਹਾਂ ਸਕੂਟਰਾਂ ਅਤੇ ਮੋਟਰਸਾਈਕਲਾਂ `ਤੇ ਪਰਿਵਾਰਕ ਮੈਂਬਰ ਤੋਂ ਇਲਾਵਾ ਕਿਸੇ ਵੀ ਹੋਰ ਦੂਜੀ ਸਵਾਰੀ ਬਿਠਾਉਣ ਦੀ ਆਗਿਆ ਨਹੀਂ ਹੈ।ਇਸੇ ਤਰ੍ਹਾਂ ਵਿਆਹ / ਸਸਕਾਰ ਆਦਿ ਰਸਮਾਂ ਸਮੇਂ 10 ਤੋਂ ਵੱਧ ਵਿਅਕਤੀਆਂ ਦੇ ਇਕੱਠ ਦੀ ਇਜਾਜ਼ਤ ਨਹੀਂ ਹੋਵੇਗੀ।

ਉਨ੍ਹਾਂ ਨੇ ਦੱਸਿਆ ਕਿ ਪਿੰਡਾਂ ਨੂੰ ਠੀਕਰੀ ਪਹਿਰਾ ਲਗਾਉਣ ਲਈ ਕਿਹਾ ਗਿਆ ਹੈ ਤਾਂ ਜੋ 'ਨਾਈਟ ਕਰਫਿਊ' 'ਅਤੇ 'ਵੀਕੈਂਡ ਕਰਫਿਊ 'ਦੇ ਆਦੇਸ਼ਾਂ ਦੀ ਪਾਲਣਾ ਕੀਤੀ ਜਾ ਸਕ ਅਤੇ ਸਬਜ਼ੀ ਮੰਡੀਆਂ ਵਿੱਚ ਸਮਾਜਕ ਦੂਰੀ ਕਾਇਮ ਰੱਖੀ ਜਾ ਸਕੇ, ਕਿਉਂਕਿ ਸਬਜ਼ੀ ਮੰਡੀਆਂ ਸਿਰਫ ਫਲਾਂ ਅਤੇ ਸਬਜ਼ੀਆਂ ਦੇ ਥੋਕ ਵਿਕਰੇਤਾਵਾਂ ਲਈ ਖੁੱਲ੍ਹੀਆਂ ਰਹਿਣਗੀਆਂ।ਉਨ੍ਹਾਂ ਕਿਹਾ ਕਿ ਕਿਸਾਨ ਯੂਨੀਅਨਾਂ ਅਤੇ ਧਾਰਮਿਕ ਨੇਤਾਵਾਂ ਨੂੰ ਵੀ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਕੱਠ ਨਾ ਕਰਨ ਅਤੇ ਟੋਲ ਪਲਾਜ਼ਾ, ਪੈਟਰੋਲ ਪੰਪਾਂ, ਮਾਲਾਂ ਆਦਿ ਵਿਖੇ ਪ੍ਰਦਰਸ਼ਨਕਾਰੀਆਂ ਦੀ ਗਿਣਤੀ ਨੂੰ ਸੀਮਤ ਰੱਖਿਆ ਜਾਵੇ।

ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਧਾਰਮਿਕ ਸਥਾਨਾਂ ਨੂੰ ਰੋਜ਼ਾਨਾ ਸ਼ਾਮ 6 ਵਜੇ ਬੰਦ ਕੀਤਾ ਜਾਣਾ ਚਾਹੀਦਾ ਹੈ ਅਤੇ ਗੁਰਦੁਆਰਿਆਂ, ਮੰਦਰਾਂ, ਮਸਜਿਦਾਂ, ਚਰਚਾਂ ਆਦਿ ਵਿੱਚ ਘੱਟ ਤੋਂ ਘੱਟ ਭੀੜ ਹੋਵੇ, ਇਹ ਸੁਨਿਸ਼ਚਿਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਵੱਲੋਂ ਆਕਸੀਜਨ ਸਿਲੰਡਰ ਦੀ ਜਮ੍ਹਾਂਖੋਰੀ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ।ਰੋਡ ਅਤੇ ਸਟ੍ਰੀਟਵਾਈਜ਼ ਵਿਕਰੇਤਾਵਾਂ

ਜਿਵੇਂ ਰੇਹੜੀ ਵਾਲੇ ਆਦਿ ਦੀ ਆਰਟੀ-ਪੀਸੀਆਰ ਟੈਸਟਿੰਗ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਰੋਜ਼ਾਨਾ ਨਾਈਟ ਕਰਫਿਊ ਸ਼ਾਮ 6 ਵਜੇ ਤੋਂ ਸਵੇਰੇ 5 ਵਜੇ ਤੱਕ ਅਤੇ ਵੀਕੈਂਡ ਕਰਫਿਊ ਸ਼ੁੱਕਰਵਾਰ ਸ਼ਾਮ 6 ਵਜੇ ਤੋਂ ਸੋਮਵਾਰ ਨੂੰ ਸਵੇਰੇ 5 ਵਜੇ ਤੱਕ ਜਾਰੀ ਰਹੇਗਾ ਅਤੇ ਮੈਡੀਕਲ ਉਦੇਸ਼ਾਂ ਨੂੰ ਛੱਡ ਕੇ ਕਰਫਿਊ ਪਾਸ ਤੋਂ ਬਿਨਾਂ ਕੋਈ ਵਾਹਨ ਨਹੀਂ ਚੱਲੇਗਾ। ਜਨਤਕ ਟ੍ਰਾਂਸਪੋਰਟ (ਬੱਸਾਂ, ਟੈਕਸੀ, ਆਟੋ) ਵਿੱਚ ਸਵਾਰੀਆਂ ਦੀ ਗਿਣਤੀ 50 ਫੀਸਦੀ ਤੱਕ ਸੀਮਿਤ ਕੀਤੀ ਗਈ ਹੈ।ਟ੍ਰਾਂਸਪੋਰਟ ਅਤੇ ਸਿਵਲ ਅਧਿਕਾਰੀ, ਪੁਲਿਸ ਕਰਮਚਾਰੀਆਂ ਦੇ ਨਾਲ ਕਰਫਿਊ ਲਾਗੂ ਕਰਨ ਲਈ ਉਡਣ ਦਸਤੇ ਗਠਿਤ ਕਰਨਗੇ।

ਉਨ੍ਹਾਂ ਦੱਸਿਆ ਕਿ ਸਾਰੇ ਬਾਰ, ਸਿਨੇਮਾ ਹਾਲ, ਜਿੰਮ, ਸਪਾ, ਸਵੀਮਿੰਗ ਪੂਲ, ਕੋਚਿੰਗ ਸੈਂਟਰ, ਸਪੋਰਟਸ ਕੰਪਲੈਕਸ ਬੰਦ ਰਹਿਣਗੇ ਜਦਕਿ ਸਾਰੇ ਰੈਸਟੋਰੈਂਟ (ਸਮੇਤ ਹੋਟਲ), ਕੈਫੇ, ਕਾਫੀ ਦੁਕਾਨਾਂ, ਫਾਸਟ ਫੂਡ ਦੁਕਾਨਾਂ, ਢਾਬੇ ਆਦਿ ਵੀ ਡਾਇਨ-ਇਨ ਸਹੂਲਤ ਲਈ ਬੰਦ ਰਹਿਣਗੇ ਅਤੇ ਸਿਰਫ ਟੇਕ-ਅਵੇਅ ਅਤੇ ਹੋਮ ਡਿਲਿਵਰੀ ਲਈ ਕੰਮ ਕਰ ਸਕਦੇ ਹਨ, ਜਿਸ ਦੀ ਰਾਤ 9 ਵਜੇ ਤੱਕ ਆਗਿਆ ਹੈ। ਰੈਸਟੋਰੈਂਟਾਂ, ਫਾਸਟ ਫੂਡ ਜੁਆਇੰਟ, ਕਾਫੀ ਦੁਕਾਨਾਂ ਆਦਿ ਦੇ ਅੰਦਰ ਬੈਠਣ ਦੀ ਆਗਿਆ ਨਹੀਂ ਹੈ।ਸਾਰੇ ਹਫਤਾਵਾਰੀ ਬਾਜ਼ਾਰ (ਜਿਵੇਂ ਕਿ ਅਪਨੀ-ਮੰਡੀਆਂ) ਵੀ ਬੰਦ ਰਹਿਣਗੇ। ਉਨ੍ਹਾਂ ਕਿਹਾ ਕਿ ਸਰਕਾਰੀ ਸਮਾਗਮਾਂ ਸਮੇਤ ਉਦਘਾਟਨ, ਨੀਂਹ ਪੱਥਰ ਰੱਖਣ ਦੀ ਰਸਮ ਆਦਿ ਸਮੇਤ ਸਾਰੇ ਸਮਾਜਿਕ, ਸਭਿਆਚਾਰਕ ਜਾਂ ਖੇਡਾਂ ਦੇ ਇਕੱਠਾਂ ਅਤੇ ਇਸ ਨਾਲ ਜੁੜੇ ਕਾਰਜਾਂ `ਤੇ ਪੂਰਨ ਪਾਬੰਦੀ ਹੋਵੇਗੀ, ਪਰ ਜ਼ਿਲ੍ਹਾ ਪ੍ਰਸ਼ਾਸਨ ਦੀ ਇਜਾਜ਼ਤ ਨਾਲ ਛੋਟ ਮਿਲ ਸਕਦੀ ਹੈ।

ਉਨ੍ਹਾਂ ਕਿਹਾ ਕਿ ਸਾਰੇ ਰਾਜਨੀਤਿਕ ਇਕੱਠਾਂ ਤੇ ਜ਼ਿਲ੍ਹੇ ਵਿੱਚ ਪੂਰਨ ਪਾਬੰਦੀ ਹੋਵੇਗੀ। ਇਨ੍ਹਾਂ ਆਦੇਸ਼ਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਇਕੱਠ ਲਈ ਪ੍ਰਬੰਧਕਾਂ ਅਤੇ ਭਾਗੀਦਾਰਾਂ ਦੇ ਨਾਲ-ਨਾਲ ਥਾਣੇ ਅਤੇ ਟੈਂਟ ਹਾਊਸਾਂ ਦੇ ਵਿਰੁੱਧ ਆਪਦਾ ਪ੍ਰਬੰਧਨ ਐਕਟ ਅਤੇ ਮਹਾਂਮਾਰੀ ਰੋਗ ਐਕਟ ਦੇ ਤਹਿਤ ਐਫਆਈਆਰ ਦਰਜ ਕੀਤੀ ਜਾਏਗੀ ਅਤੇ 3 ਮਹੀਨਿਆਂ ਲਈ ਅਜਿਹੇ ਸਥਾਨਾਂ ਨੂੰ ਸੀਲ ਵੀ ਕਰ ਦਿੱਤਾ ਜਾਵੇਗਾ।ਉਹ ਵਿਅਕਤੀ ਜੋ ਕਿ ਵੱਡੇ (ਧਾਰਮਿਕ / ਰਾਜਨੀਤਿਕ / ਸਮਾਜਿਕ) ਇਕੱਠਾਂ ਵਿਚ ਸ਼ਾਮਲ ਹੋਏ ਹਨ ਲਾਜ਼ਮੀ ਤੌਰ `ਤੇ 5 ਦਿਨਾਂ ਲਈ ਘਰ ਵਿੱਚ ਕੁਅਰੰਟੀਨ ਰਹਿਣਗੇ ਅਤੇ ਪ੍ਰੋਟੋਕੋਲ ਦੇ ਅਨੁਸਾਰ ਟੈਸਟ ਕਰਵਾਉਣਗੇ। ਸਾਰੇ ਵਿਦਿਅਕ ਸੰਸਥਾਵਾਂ ਅਰਥਾਤ ਸਕੂਲ ਅਤੇ ਕਾਲਜ ਬੰਦ ਰਹਿਣਗੇ ਪਰ ਸਰਕਾਰੀ ਸਕੂਲਾਂ ਦਾ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਡਿਊਟੀ ਨਿਭਾਏਗਾ।

ਸਾਰੇ ਮੈਡੀਕਲ ਅਤੇ ਨਰਸਿੰਗ ਕਾਲਜ ਖੁੱਲੇ ਰਹਿਣਗੇ ਅਤੇ ਸਾਰੀਆਂ ਭਰਤੀ ਪ੍ਰੀਖਿਆਵਾਂ ਮੁਲਤਵੀ ਕੀਤੀਆਂ ਗਈਆਂ ਹਨ ਸਿਵਾਏ ਉਹਨਾਂ ਦੇ ਜੋ ਕੋਵਿਡ ਪ੍ਰਬੰਧਨ ਨਾਲ ਸਬੰਧਤ ਭਰਤੀ ਨਹੀਂ ਹਨ।ਇਸੇ ਤਰ੍ਹਾਂ ਸਰਵਿਸ ਇੰਡਸਟਰੀ ਸਮੇਤ ਸਾਰੇ ਪ੍ਰਾਈਵੇਟ ਦਫਤਰ, ਜਿਵੇਂ ਆਰਕੀਟੈਕਟਸ, ਚਾਰਟਰਡ ਅਕਾਊਂਟੈਂਟਸ, ਬੀਮਾ ਕੰਪਨੀਆਂ ਆਦਿ ਦੇ ਦਫਤਰਾਂ ਨੂੰ ਸਿਰਫ 'ਘਰ ਤੋਂ ਕੰਮ' ਕਰਨ ਦੀ ਆਗਿਆ ਹੈ।

ਜਦੋਂ ਕਿ ਸਰਕਾਰੀ ਦਫਤਰਾਂ ਵਿਚ 45 ਸਾਲਾਂ ਤੋਂ ਵੱਧ ਉਮਰ ਦੇ ਸਿਹਤ ਕਰਮਚਾਰੀ ਅਤੇ ਕਰਮਚਾਰੀ ਜਿਨ੍ਹਾਂ ਨੂੰ ਪਿਛਲੇ 15 ਦਿਨਾਂ ਜਾਂ ਇਸ ਤੋਂ ਵੱਧ ਸਮੇਂ ਵਿਚ ਘੱਟੋ ਘੱਟ ਇਕ ਟੀਕਾ ਖੁਰਾਕ ਨਹੀਂ ਮਿਲੀ ਹੈ, ਨੂੰ ਛੁੱਟੀ ਲੈਣ ਅਤੇ ਉਸ ਸਮੇਂ ਤੱਕ ਘਰ ਰਹਿਣ ਲਈ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ। 45 ਸਾਲ ਤੋਂ ਘੱਟ ਉਮਰ ਦੇ ਕਰਮਚਾਰੀਆਂ ਨੂੰ ਸਿਰਫ ਨੈਗੇਟਿਵ ਆਰਟੀ-ਪੀਸੀਆਰ ਰਿਪੋਰਟ ਦੇ ਅਧਾਰ ਤੇ ਹੀ ਆਗਿਆ ਦਿੱਤੀ ਜਾ ਸਕਦੀ ਹੈ ਜੋ ਕਿ 5 ਦਿਨਾਂ ਤੋਂ ਵੱਧ ਪੁਰਾਣੀ ਨਾ ਹੋਵੇ ਨਹੀਂ ਤਾਂ ਛੁੱਟੀ ਲੈ ਕੇ ਘਰ ਰਹਿਣ ਲਈ ਪ੍ਰੇਰਿਤ ਕੀਤਾ ਜਾਣਾ ਚਾਹੀਦਾ ਹੈ।ਇਹ ਆਦੇਸ਼ ਉੱਚ ਸਕਾਰਾਤਮਕ ਖੇਤਰਾਂ ਵਿੱਚ ਮਾਈਕਰੋ-ਕੰਟੇਨਮੈਂਟ ਜ਼ੋਨਾਂ ਨੂੰ ਵਧਾਉਣ ਅਤੇ ਸਖਤੀ ਨਾਲ ਲਾਗੂ ਕਰਨ ਲਈ ਵੀ ਨਿਰਦੇਸ਼ ਦਿੰਦਾ ਹੈ। ਲਾਗੂ ਕਰਨ ਲਈ ਵਿਸ਼ੇਸ਼ ਮਾਨੀਟਰ ਨਿਯੁਕਤ ਕੀਤੇ ਜਾਣਗੇ।

ਸਾਰੇ ਸਰਕਾਰੀ ਦਫਤਰਾਂ ਦੁਆਰਾ ਸਿਕਾਇਤਾਂ ਦੇ ਨਿਪਟਾਰੇ ਨੂੰ ਵਰਚੁਅਲ / ਆਨ-ਲਾਈਨ ਢੰਗਾਂ ਦੁਆਰਾ ਤਰਜੀਹ ਦਿੱਤੀ ਜਾਏਗੀ ਅਤੇ ਜਨਤਕ ਲੈਣ-ਦੇਣ ਨੂੰ ਜਿੱਥੋਂ ਤੱਕ ਹੋ ਸਕੇ ਘਟਾਇਆ ਜਾਵੇਗਾ ਅਤੇ ਸਿਰਫ ਉਸਨੂੰ ਹੀ ਆਗਿਆ ਦਿੱਤੀ ਜਾਏਗੀ ਜਿੱਥੇ ਅਤਿ- ਜਰੂਰੀ ਸਮਝਿਆ ਜਾਂਦਾ ਹੈ। ਇਸੇ ਤਰ੍ਹਾਂ ਮਾਲ ਵਿਭਾਗ

ਜਾਇਦਾਦ ਦੀ ਵਿਕਰੀ ਅਤੇ ਖਰੀਦ ਲਈ ਕਨਵੇਐਂਸ ਡੀਡਾਂ ਨੂੰ ਲਾਗੂ ਕਰਨ ਲਈ ਲੋਕਾਂ ਦੀ ਗਿਣਤੀ ਨੂੰ ਸੀਮਤ ਕਰੇਗਾ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹੇ ਅੰਦਰ ਐਮ.ਐਚ.ਏ. / ਸਰਕਾਰ ਦੀਆਂ ਸਾਰੀਆਂ ਮੌਜੂਦਾ ਹਦਾਇਤਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ, ਘੱਟ ਤੋਂ ਘੱਟ 6 ਫੁੱਟ ਦੀ ਦੂਰੀ ਦੇ ਸਮਾਜਿਕ ਦੂਰੀ ਦੇ ਨਿਯਮ (ਦੋ ਗਜ਼ ਕੀ ਦੂਰੀ) ਨੂੰ, ਮਾਰਕੀਟ ਦੀਆਂ ਥਾਵਾਂ ਅਤੇ ਭੀੜ ਵਾਲੀ ਆਵਾਜਾਈ ਵਿਚ ਭੀੜ ਨੂੰ ਨਿਯਮਤ ਕਰਨ ਨੂੰ ਯਕੀਨੀ ਬਣਾਇਆ ਜਾਵੇ ਅਤੇ ਚਿਹਰੇ ਦੇ ਮਾਸਕ ਨਾ ਪਾਉਣ ਅਤੇ ਜਨਤਕ ਥਾਵਾਂ `ਤੇ ਥੁੱਕਣ ਆਦਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਯੋਗ ਕਾਰਵਾਈ ਆਰੰਭੀ ਜਾਵੇ।

## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ

## ਡਿਪਟੀ ਕਮਿਸ਼ਨਰ ਨੇ ਕੋਵਿਡ ਸਬੰਧੀ ਅਧਿਕਾਰੀਆਂ ਅਤੇ ਡਾਕਟਰਾਂ ਨਾਲ ਕੀਤੀ ਮੀਟਿੰਗ

## ਸੈਂਪਲਿੰਗ, ਟੀਕਾਕਰਨ, ਹੋਮ ਆਈਸਲੇਸ਼ਨ ਆਦਿ ਦੀਆਂ ਗਠਤ ਟੀਮਾਂ ਬਾਰੇ ਕੀਤਾ ਵਿਚਾਰ-ਵਟਾਂਦਰਾ

ਫਾਜ਼ਿਲਕਾ, 3 ਮਈ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕੋਰੋਨਾ ਵਾਇਰਸ ਦੇ ਵੱਧਦੇ ਪ੍ਰਸਾਰ ਨੂੰ ਦੇਖਦੇ ਹੋਏ ਪ੍ਰਬੰਧਾਂ ਨੂੰ ਹੋਰ ਪੁਖਤਾ ਕਰਨ ਲਈ ਪ੍ਰਸ਼ਾਸਨਿਕ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਸਬ ਡਿਵੀਜ਼ਨ ਫਾਜ਼ਿਲਕਾ ਦੀ ਮੀਟਿੰਗ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਟੈਸਟਿੰਗ ਦੀ ਪ੍ਰਕਿਰਿਆ `ਚ ਤੇਜੀ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿਚ ਸੈਂਪਲਿੰਗ ਲਈ ਸਾਰਾ ਸਮਾਨ, ਫਤਿਹ ਕਿਟ ਅਤੇ ਵੈਕਸੀਨੇਸ਼ਨ ਦੀ ਉਪਲਬਧਤਾ ਲੋੜੀਂਦੀ ਮਾਤਰਾ ਵਿਚ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕਿ ਆਕਸੀਜਨ ਦੀ ਮਾਤਰਾਂ ਸਬੰਧੀ ਵੱਖਰੀ ਟੀਮ ਬਣਾਈ ਜਾਵੇ ਜਿਸ ਕੋਲ ਆਕਸੀਜਨ ਸਬੰਧੀ ਸਾਰੀ ਲੋੜੀਂਦੀ ਜਾਣਕਾਰੀ ਹੋਵੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਰੋਨਾ ਦੇ ਪ੍ਰਸਾਰ ਨੂੰ ਕੰਟਰੋਲ ਕਰਨ ਲਈ ਵੱਧ ਤੋਂ ਵੱਧ ਸੈਂਪਲਿੰਗ ਕੀਤੀ ਜਾਵੇ ਅਤੇ ਪਾਜੀਟਿਵ ਆਉਣ ਵਾਲੇ ਮਰੀਜਾਂ ਦੇ ਕੰਟੈਕਟ `ਚ ਆਉਣ ਵਾਲੇ ਵਿਅਕਤੀਆਂ ਨੂੰ ਟਰੇਸ ਕਰਕੇ ਉਨ੍ਹਾਂ ਦੇ ਟੈਸਟ ਵੀ ਕੀਤੇ ਜਾਣ ਤਾਂ ਜ਼ੋ ਕਰੋਨਾ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪਾਜੀਟਿਵ ਆਉਣ ਉਪਰੰਤ ਹੋਮ ਆਈਸੋਲੇਸ਼ਨ ਹੋਣ ਵਾਲੇ ਵਿਅਕਤੀਆਂ ਦੀ ਸਿਹਤ ਸਬੰਧੀ ਵੀ ਪੁਛ-ਗਿਛ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਹੋਮ ਆਈਸੋਲੇਸ਼ਨ ਵਿਅਕਤੀ ਨੂੰ ਫਤਿਹ ਕਿਟ ਜ਼ਰੂਰ ਮੁਹੱਈਆ ਕਰਵਾਈ ਜਾਵੇ ਜੇਕਰ ਵਿਅਕਤੀ ਘਰ ਵਿਚ ਠੀਕ ਮਹਿਸੂਸ ਨਹੀਂ ਕਰਦਾ ਤਾਂ ਉਸਨੂੰ ਹਸਪਤਾਲ ਵਿਚ ਸ਼ਿਫਟ ਕੀਤਾ ਜਾਵੇ।ਉਨ੍ਹਾਂ ਨੇ ਸਿਵਲ ਸਰਜਨ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਰੋਨਾ ਦੇ ਪ੍ਰਸਾਰ ਨੂੰ ਰੋਕਣ ਲਈ ਅਤੇ ਆਕਸੀਜਨ ਦੀ ਉਪਲੱਬਧਤਾ ਯਕੀਨੀ ਬਣਾਈ ਰੱਖਣ ਲਈ ਵੱਖ-ਵੱਖ ਟੀਮਾਂ ਗਠਤ ਕੀਤੀਆਂ ਜਾਣ ਅਤੇ ਜੇਕਰ ਕੋਈ ਸਮੱਸਿਆ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਰੋਜ਼ਾਨਾ ਅਧਾਰ ਤੇ ਰਿਪੋਰਟ ਪੇਸ਼ ਕੀਤੀ ਜਾਵੇ ਤਾਂ ਜ਼ੋ ਜ਼ਿਲ੍ਹੇ ਨਾਲ ਸਬੰਧਤ ਰਿਪੋਰਟ ਸਰਕਾਰ ਨੂੰ ਭੇਜੀ ਜਾ ਸਕੇ।

ਇਸ ਮੌਕੇ ਐਸ.ਡੀ.ਐਮ. ਸ੍ਰੀ ਕੇਸ਼ਵ ਗੋਇਲ, ਸਹਾਇਕ ਕਮਿਸ਼ਨਰ (ਜ) ਸ੍ਰੀ ਕੰਵਰਜੀਤ ਸਿੰਘ, ਸਹਾਇਕ ਕਮਿਸ਼ਨਰ ਸ੍ਰੀ ਅਮਰੀਕ ਸਿੰਘ, ਨਾਇਬ ਤਹਿਸੀਲਦਾਰ ਸ੍ਰੀ ਵਿਜੈ ਬਹਿਲ, ਸਿਵਲ ਸਰਜਨ ਡਾ. ਹਰਜਿੰਦਰ, ਡੀ.ਪੀ.ਐਮ. ਰਾਜੇਸ਼ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਡਾਕਟਰ ਮੌਜੂਦ ਸਨ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

# ਸਰਕਾਰੀ ਕਾਲਜ ਜਲਾਲਾਬਾਦ ਦੀਆਂ ਵਿਦਿਆਰਥਣਾਂ ਵਿੱਚਕਾਰ ਆਨਲਾਈਨ ਲੇਖ ਰਚਨਾ ਮੁਕਾਬਲਿਆਂ ਦਾ ਆਯੋਜਨ

## ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਮੁਕਾਬਲੇ

ਜ਼ਲਾਲਾਬਾਦ, ਫਾਜ਼ਿਲਕਾ 3 ਮਈ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾਂ ਪ੍ਰਕਾਸ਼ ਪੁਰਬ ਦਿਹਾੜੇ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਸਮਾਜਿਕ ਅਤੇ ਧਾਰਮਿਕ ਗਤੀਵਿਧੀਆਂ ਦੇ ਤਹਿਤ ਡਾਇਰੈਕਟਰ ਸਿੱਖਿਆ ਵਿਭਾਗ ਕਾਲਜਾਂ ਪੰਜਾਬ ਤੋਂ ਪ੍ਰਾਪਤ ਹਦਾਇਤਾ ਅਨੁਸਾਰ ਜ਼ਿਲ੍ਹਾ ਪੱਧਰੀ ਗਤੀਵਿਧੀਆਂ ਵੀ ਉਲੀਕੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਸਰਕਾਰੀ ਕਾਲਜ ਲੜਕੀਆਂ ਜਲਾਲਾਬਾਦ ਵੱਲੋਂ ਕਾਲਜ ਵਿਦਿਆਰਥਣਾਂ ਵਿਚਕਾਰ ਵਿਦਿਅਕ ਮੁਕਾਬਲੇ ਕਰਵਾਏ ਗਏ।ਇਹ ਜਾਣਕਾਰੀ ਕਾਲਜ ਦੇ ਪੰਜਾਬੀ ਲੈਕਚਰਾਰ ਪ੍ਰੋਫੈਸਰ ਅਮਨਦੀਪ ਕੌਰ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਕੋਵਿਡ-19 ਦੇ ਮੱਦੇਨਜਰ ਆਨਲਾਈਨ ਮਾਧਿਅਮ ਰਾਹੀਂ ਕਰਾਏ ਗਏ ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੀਆਂ ਜਿਆਦਾਤਰ ਵਿਦਿਆਰਥਣਾਂ ਨੇ ਹਿੱਸਾ ਲਿਆ।ਉਨ੍ਹਾਂ ਦੱਸਿਆ ਕਿ ਕਾਲਜ ਪ੍ਰਬੰਧਨ ਵੱਲੋਂ ਵਿਦਿਆਰਥਣਾਂ ਵਿਚਕਾਰ ਲੇਖ ਰਚਨਾ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਕਾਲਜ ਵਿਦਿਆਰਥਣਾਂ ਵੱਲੋਂ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਸ਼ਖਸ਼ਿਅਤ `ਤੇ ਆਧਾਰਤ ਲੇਖਾਂ ਰਚਨਾਵਾਂ ਦੀ ਪੇਸ਼ਕਸ਼ ਕੀਤੀ ਗਈ ਅਤੇ ਗੁਰੂ ਜੀ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਧਰਮ ਦੀ ਰੱਖਿਆ ਲਈ ਦਿੱਤੀਆਂ ਗਈਆਂ ਕੁਰਬਾਨਿਆਂ ਅਤੇ ਆਪਣੀ ਸ਼ਹਾਦਤ `ਤੇ ਚਾਨਣਾ ਪਾਇਆ।

ਸਰਕਾਰੀ ਕਾਲਜ ਜਲਾਲਾਬਾਦ ਦੇ ਸਟਾਫ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਚਲਾਈ ਗਈ ਲੜੀਵਾਰ ਵਿੱਚ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੇ ਹੋਰ ਵਿਦਿਅਕ ਮੁਕਾਬਲੇ ਆਯੋਜਿਤ ਕਰਵਾਏ ਜਾਂਦੇ ਰਹਿਣਗੇ ਤਾਂ ਜੋ ਵਿਦਿਆਰਥਣਾਂ ਗੁਰੂ ਜੀ ਦੇ ਜੀਵਨ ਤੋਂ ਪ੍ਰੇਰਣਾ ਲੈ ਸਕਣ।









Nishi Rani
D/o Ranjit Singh
REDMI NOTE 9 PRO MAX
AI QUAD CAMERA





**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ**

**ਕਰੋਨਾ ਟੈਸਟ ਕਰਵਾਉਣ ਬਾਰੇ ਲੋਕਾਂ ਨੂੰ ਕੀਤਾ ਜਾਵੇ ਵੱਧ ਤੋਂ ਵੱਧ ਪ੍ਰੇਰਿਤ- ਸਿਵਲ ਸਰਜਨ**

**ਫਾਜ਼ਿਲਕਾ, 3 ਮਈ**

ਸਿਵਲ ਸਰਜਨ ਫਾਜ਼ਿਲਕਾ ਡਾ. ਹਰਜਿੰਦਰ ਸਿੰਘ ਨੇ ਕਰੋਨਾਂ ਨੂੰ ਲੈ ਕੇ ਜ਼ਿਲੇ ਦੇ ਸਾਰੇ ਸੀਨੀਅਰ ਮੈਡੀਕਲ ਅਫਸਰਾਂ ਨਾਲ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਨੂੰ ਵੱਧ ਤੋ ਵੱਧ ਟੈਸਟਿੰਗ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਕਰੋਨਾ ਵਾਇਰਸ ਦੇ ਪ੍ਰਸਾਰ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਟੈਸਟ ਕਰਵਾਵਾਂਗੇ ਤਾਂ ਹੀ ਬਿਮਾਰੀ ਦਾ ਪਤਾ ਲਗੇਗਾ ਅਤੇ ਸਮੇਂ ਸਿਰ ਲੋੜੀਂਦਾ ਇਲਾਜ ਲਿਆ ਜਾ ਸਕੇਗਾ।

ਸਿਵਲ ਸਰਜਨ ਨੇ ਕਿਹਾ ਕਿ ਲੋਕਾਂ ਨੂੰ ਟੈਸਟਿੰਗ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਇਸ ਬੀਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ। ਇਸ ਦੇ ਨਾਲ-ਨਾਲ ਉਹਨਾਂ ਨੇ ਕਿਹਾ ਕਿ ਪਾਜੀਟਿਵ ਮਰੀਜਾਂ ਦੇ ਸੰਪਰਕ ਵਿਚ ਆਉਣ ਵਾਲੇ ਲੋਕਾਂ ਨੂੰ ਵੀ ਟੈਸਟ ਕਰਾਉਣ ਲਈ ਪ੍ਰੇਰਿਤ ਕੀਤਾ ਜਾਵੇ, ਸਮੇਂ ਸਿਰ ਪਤਾ ਲਗਣ ਨਾਲ ਇਸ ਮਹਾਮਾਰੀ `ਤੇ ਕਾਬੂ ਪਾਇਆ ਜਾ ਸਕਦਾ ਹੈ। ਇਸਦੇ ਨਾਲ-ਨਾਲ ਲੋਕ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਜ਼ਰੂਰ ਕਰਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਹੁਣ ਤੱਕ 1 ਲੱਖ 34 ਹਜ਼ਾਰ 358 ਲੋਕਾਂ ਦੇ ਕਰੋਨਾ ਦੇ ਸੈਂਪਲ ਲਏ ਜਾ ਚੁੱਕੇ ਹਨ।

ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਿਨਾਂ ਕਿਸੇ ਕਮ ਤੋ ਘਰੋਂ ਬਾਹਰ ਨਾ ਨਿਕਲਿਆ ਜਾਵੇ, ਜੇ ਜ਼ਰੂਰੀ ਹੈ ਤਾਂ ਮਾਸਕ ਪਾ ਕੇ ਹੀ ਜਾਇਆ ਜਾਵੇ, ਭੀੜ ਵਾਲੀਆਂ ਥਾਵਾਂ ਤੇ ਜਾਣ ਤੋ ਗੁਰੇਜ਼ ਕੀਤਾ ਜਾਵੇ ਤੇ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇ ਅਤੇ ਵਾਰ-ਵਾਰ ਹੱਥ ਸਾਬਣ ਨਾਲ ਧੋਤੇ ਜਾਣ ਜਾਣ। ਉਨ੍ਹਾਂ ਕਿਹਾ ਕੇ ਬੁਖਾਰ, ਖਾਂਸੀ, ਜੁਕਾਮ ਆਦਿ ਹੋਣ ਤੇ ਤੁਰੰਤ ਅਪਣਾ ਕਰੋਨਾ ਟੈਸਟ ਕਰਵਾਇਆ ਜਾਵੇ। ਉਹਨਾਂ ਨੇ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਕਿਸੇ ਵੀ ਭਰਮ ਜਾ ਅਫਵਾਹ ਤੋ ਬਚਿਆ ਜਾਵੇ, ਘਰ ਬੈਠ ਕੇ ਅਪਣੇ ਆਪ ਇਲਾਜ਼ ਲੈਣ ਦੀ ਬਜਾਏ ਨਜ਼ਦੀਕੀ ਸਰਕਾਰੀ ਹਸਪਤਾਲ ਨਾਲ ਰਾਬਤਾ ਕਾਇਮ ਕੀਤਾ ਜਾਵੇ।

ਇਸ ਮੌਕੇ ਡਾ ਕਵਿਤਾ, ਡਾ ਚਰਨਜੀਤ, ਡਾ ਰਿੰਕੂ, ਡਾ ਸੁਨੀਤਾ, ਅਨਿਲ ਧਾਮੂ, ਰਾਜੇਸ਼ ਕੁਮਾਰ ਅਤੇ ਸਮੂਹ ਐਸ.ਐਮ.ਓ ਹਾਜ਼ਰ ਸਨ।

